# PUNJAB VIGILANCE BUREAU

## Vigilance nabs RTA Faridkot driver for taking bribe Rs 15,000

Chandigarh June 23 : Punjab Vigilance Bureau today nabbed a driver of Regional Transport Authority (RTA) Faridkot-cum-General Assistant (GA) to DC Faridkot red handed while taking bribe at district administrative complex Faridkot.

Disclosing this here today a spokesperson of Punjab Vigilance Bureau (VB) said the accused driver Amarjeet Singh (No. 36/482), a head constable in Punjab Police, has been arrested on the complaint of Baaj Singh of Malout town in Sri Muktsar Sahib district. He added that the complainant has approached the VB and alleged that the RTA and his driver were demanding bribe of Rs 25,000 from him to allow his new tourist bus to run on the road.

After verifying his complaint a VB team from flying squad-1, SAS Nagar laid a trap and the accused driver was arrested on the spot while he was demanding and accepting bribe of Rs 15,000 as a first installment in the presence of two official witnesses.

The spokesperson informed that in this regard a case under Prevention of Corruption Act has been registered against the accused at VB Flying Squad, police station, SAS Nagar. Further investigation is under progress and the role of above said RTA, a PCS officer, would also be probed.

# ਵਿਜੀਲੈਂਸ ਨੇ ਆਰਟੀਏ ਫਰੀਦਕੋਟ ਦੇ ਡਰਾਈਵਰ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਕੀਤਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 23 ਜੂਨ : ਪੰਜਾਬ ਵਿਜੀਲੈਂਸ ਬਿਓਰੋ ਨੇ ਅੱਜ ਖੇਤਰੀ ਟਰਾਂਸਪੋਰਟ ਅਥਾਰਟੀ (ਆਰ.ਟੀ.ਏ.) ਫਰੀਦਕੋਟ-ਕਮ-ਜਨਰਲ ਸਹਾਇਕ ਡੀ.ਸੀ. ਫਰੀਦਕੋਟ ਦੇ ਡਰਾਈਵਰ ਨੂੰ ਜਿਲਾ ਪ੍ਰਬੰਧਕੀ ਕੰਪਲੈਕਸ ਫਰੀਦਕੋਟ ਵਿਖੇ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਦਬੋਚ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਵਿਜੀਲੈਂਸ ਬਿਓਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਡਰਾਈਵਰ ਅਮਰਜੀਤ ਸਿੰਘ (ਨੰਬਰ 36/482), ਜੋ ਕਿ ਪੰਜਾਬ ਪੁਲਿਸ ਵਿੱਚ ਹੌਲਦਾਰ ਹੈ, ਨੂੰ ਮਲੋਟ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਵਾਸੀ ਬਾਜ ਸਿੰਘ ਦੀ ਸ਼ਿਕਾਇਤ ’ਤੇ ਗ੍ਰਿਫਤਾਰ ਕੀਤਾ ਹੈ। ਉਸਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਤੱਕ ਪਹੁੰਚ ਕੀਤੀ ਹੈ ਅਤੇ ਦੋਸ਼ ਲਾਇਆ ਕਿ ਉਕਤ ਆਰ.ਟੀ.ਏ. ਅਤੇ ਉਸਦਾ ਡਰਾਈਵਰ ਉਸਦੀ ਨਵੀਂ ਟੂਰਿਸਟ ਬੱਸ ਨੂੰ ਸੜਕ ’ਤੇ ਚੱਲਣ ਦੀ ਆਗਿਆ ਦੇਣ ਬਦਲੇ 25,000 ਰੁਪਏ ਦੀ ਰਿਸ਼ਵਤ ਦੀ ਮੰਗ ਰਹੇ ਹਨ।

ਇਸ ਸ਼ਿਕਾਇਤ ਦੀ ਪੁਸ਼ਟੀ ਕਰਨ ਤੋਂ ਬਾਅਦ ਵਿਜੀਲੈਂਸ ਦੇ ਉਡਣ ਦਸਤਾ-1, ਐਸ.ਏ.ਐਸ. ਨਗਰ ਦੀ ਇੱਕ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਡਰਾਈਵਰ ਨੂੰ ਪਹਿਲੀ ਕਿਸ਼ਤ ਵਜੋਂ ਰਿਸ਼ਵਤ ਦੇ 15,000 ਰੁਪਏ ਲੈਂਦਿਆਂ ਮੌਕੇ ‘ਤੇ ਹੀ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਫਰੀਦਕੋਟ ਤੋਂ ਗ੍ਰਿਫਤਾਰ ਕਰ ਲਿਆ। ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਮੁਲਜ਼ਮ ਡਰਾਈਵਰ ਖਿਲਾਫ ਫਲਾਇੰਗ ਸਕੁਐਡ ਦੇ ਐਸ.ਏ.ਐਸ. ਨਗਰ ਸਥਿਤ ਥਾਣੇ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਸ ਬਾਰੇ ਹੋਰ ਅਗਲੇਰੀ ਜਾਂਚ ਜਾਰੀ ਹੈ ਅਤੇ ਇਸ ਮਾਮਲੇ ਵਿੱਚ ਉਕਤ ਆਰ.ਟੀ.ਏ. ਅਧਿਕਾਰੀ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।